# ਦਫਤਰ ਨਗਰ ਨਿਗਮ ਫਗਵਾੜਾ
# OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426
Website: www.mcphagwara.co.in Email: cmcphagwara123@gmail.com


ਸੇਵਾ ਵਿਖੇ,

ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ।

ਨੰਬਰ: 2187 ਮਿਤੀ: 28/7/23

**ਵਿਸ਼ਾ:-** **ਕਮਿਸ਼ਨਰ, ਨਗਰ ਨਿਗਮ ਫਗਵਾੜਾ ਜੀ ਵੱਲੋਂ ਮਿਤੀ 28/07/2023 ਨੂੰ ਪਾਸ ਕੀਤੇ ਗਏ ਹੁਕਮਾ ਦੀ ਨਕਲ ਸੂਚਨਾ ਹਿੱਤ ਭੇਜਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਵੱਲੋਂ ਪਾਸ ਕੀਤੇ ਗਏ ਹੁਕਮ ਨੰ: 53, 54 ਮਿਤੀ 28/07/2023 ਦੀ ਨਕਲ ਆਪ ਜੀ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ ਜੀ।

ਨੱਥੀ:- ਉਕਤ ਅਨੁਸਾਰ

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

**ਪਿੱਠ ਅੰਕਣ ਨੰ:** 2188-2191 **ਮਿਤੀ:** 28/7/23

ਉਪਰੋਕਤ ਦਾ ਇੱਕ ਉਤਾਰਾ:-

1. ਮਾਨਯੋਗ ਡਵੀਜ਼ਨਲ ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਜੀ ਨੂੰ ਸੂਚਨਾਂ ਹਿੱਤ।
2. ਮਾਨਯੋਗ ਡਿਪਟੀ ਕਮਿਸ਼ਨਰ,ਕਪੂਰਥਲਾ ਜੀ ਨੂੰ ਸੂਚਨਾਂ ਹਿੱਤ।
3. ਮਾਨਯੋਗ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਨੂੰ ਸੂਚਨਾਂ ਹਿੱਤ।
4. ਸਬੰਧਤ ਅਧਿਕਾਰੀ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426 Fax: 01824-223260
Website: www.mcphagwara.com Email: comm.mcpgr@punjab.gov.in

ਮਿਤੀ 28/07/2023 ਨੂੰ ਡਾ. ਨਯਨ ਪੀ.ਸੀ.ਐਸ. ਕਮਿਸ਼ਨਰ, ਨਗਰ ਨਿਗਮ, ਫਗਵਾੜਾ ਵੱਲੋ ਹੇਠ ਲਿਖੇ ਅਨੁਸਾਰ ਪ੍ਰਸ਼ਾਸਕੀ ਹੁਕਮ ਪਾਸ ਕੀਤੇ ਗਏ।

| ਲੜੀ ਨੰ. | ਮਤਾ ਨੰ. ਅਤੇ ਮਿਤੀ | ਮਤੇ ਦਾ ਵੇਰਵਾ | ਕਿਰਪਾ ਕਰਕੇ ਸੁਨਿਸ਼ਚਿਤ ਕੀਤਾ ਜਾਵੇ ਕਿ ਮਿਤੀ 10.10.2022 ਰਾਹੀਂ ਪਾਸ ਕੀਤੇ ਗਏ ਨਿਰਦੇਸ਼ ਦੇ ਕਿਸ ਪੁਆਇੰਟ ਤਹਿਤ ਇਹ ਮਤਾ ਦੀ ਤਜਵੀਜ ਕੀਤੀ ਗਈ ਹੈ। | ਕਮਿਸ਼ਨਰ/ਕਾਰਜ ਸਾਧਕ ਅਫਸਰ ਦੁਆਰਾ ਕੀਤੀ ਗਈ ਟਿੱਪਣੀ |
|---|---|---|---|---|
| 1 | 53<br>28/07/2023 | ਰਿਪੋਰਟ ਵੱਲੋ ਨਿਗਰਾਨ ਇੰਜੀਨੀਅਰ ਕਿ ਦਫਤਰ ਨਗਰ ਨਿਗਮ ਫਗਵਾੜਾ ਦੇ ਪੱਤਰ ਨੰਬਰ 1142 ਮਿਤੀ 25-05-2023 ਰਾਹੀ ਮੁਹੱਲਾ ਚਾਚੋਕੀ ਦੇ ਇਲਾਕਾ ਨਿਵਾਸੀਆ ਵੱਲੋ ਵਾਟਰ ਸਪਲਾਈ ਦੀ ਨਵੀਂ ਲਾਈਨ ਪਾਉਣ ਲਈ ਕਿਹਾ ਗਿਆ ਹੈ। ਜਿਸ ਤੋਂ ਬਾਅਦ ਉਕਤ ਜਗ੍ਹਾ ਦਾ ਮੋਕਾ ਦੇਖਿਆ ਗਿਆ ਅਤੇ ਪਾਇਆ ਗਿਆ ਕਿ ਉਕਤ ਜਗ੍ਹਾ ਤੇ ਵਾਟਰ ਸਪਲਾਈ ਦੀ ਲਾਈਨ ਨਾ ਹੋਣ ਕਾਰਣ ਇਲਾਕਾ ਨਿਵਾਸੀਆ ਨੂੰ ਬਹੁੱਤ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਬਲਿਕ ਹਿੱਤ ਨੂੰ ਮੁੱਖ ਰੱਖਦੇ ਹੋਏ ਉਕਤ ਜਗ੍ਹਾ ਤੇ ਨਵੀਂ ਵਾਟਰ ਸਪਲਾਈ ਲਾਈਨ ਪਾਈ ਜਾਣੀ ਜਰੂਰੀ ਹੈ। ਇਸ ਜਗ੍ਹਾ ਤੇ ਨਵੀਂ ਵਾਟਰ ਸਪਲਾਈ ਦੀ 4 ਇੱਚੀ ਲਾਈਨ ਪਾਏ ਜਾਣ ਲਈ ਤਖਮੀਨਾ ਤਿਆਰ ਕਰ ਲਿਆ ਹੈ। ਤਖਮੀਨੇ ਮੁਤਾਬਕ ਉਕਤ ਜਗ੍ਹਾ ਤੇ ਲਗਭਗ 350 ਮੀਟਰ 4" ਪਾਈਪ ਲਾਈਨ ਪਾਈ ਜਾਣੀ ਜਰੂਰੀ ਹੈ।ਇਸ ਲਾਈਨ ਨੂੰ ਪਾਉਣ ਲਈ ਤਖਮੀਨੇ ਮੁਤਾਬਕ ਲਗਭਗ 8.56 ਲੱਖ ਦਾ ਖਰਚ ਆਉਣ ਦੀ ਸੰਭਾਵਨਾ ਹੈ। ਉਕਤ ਕੰਮ ਨੂੰ ਕਰਵਾਉਣ ਲਈ ਹਾਊਸ ਦੀ ਪ੍ਰਵਾਨਗੀ ਲੋੜੀਂਦੀ ਹੈ। ਇੱਥੇ ਇਹ ਦੱਸਣਯੋਗ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋ ਜਾਰੀ ਨੋਟੀਫਿਕੇਸ਼ਨ ਨੰ: 5/71/2017/**MEO/DA/334** ਮਿਤੀ 23/03/2020 ਰਾਹੀ ਹਾਉਸ ਦੀਆ ਸਾਰੀਆਂ ਸ਼ਕਤੀਆਂ ਕਮਿਸ਼ਨਰ ਨਗਰ ਨਿਗਮ ਜੀ ਨੂੰ ਦਿੱਤੀਆ ਗਈਆ ਹਨ। ਇਸ ਲਈ ਉਕਤ ਕੰਮ ਨੂੰ ਕਰਾਉਣ ਲਈ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਪੇਸ਼ ਹੈ ਜੀ। | ------ | ਸੂਚਨਾ ਹਿੱਤ। |
| 2 | 54<br>28/07/2023 | ਰਿਪੋਰਟ ਵੱਲੋ ਨਿਗਰਾਨ ਇੰਜੀਨੀਅਰ ਕਿ ਮੁਹੱਲਾ ਰਵੀਦਾਸ ਨਗਰ, ਬੰਗਾ ਰੋਡ, ਫਗਵਾੜਾ ਦੇ ਇਲਾਕਾ ਨਿਵਾਸੀਆ ਵੱਲੋ ਦਫਤਰ ਨਗਰ ਨਿਗਮ ਫਗਵਾੜਾ ਵਿਖੇ ਨਵੀਂ ਸੀਵਰ ਲਾਈਨ ਪਾਉਣ ਲਈ ਬੇਨਤੀ ਕੀਤੀ ਗਈ ਸੀ। ਜਿਸ ਤੋਂ ਬਾਅਦ ਉਪ ਮੰਡਲ ਇੰਜੀਨੀਅਰ, ਪੰਜਾਬ ਵ/ਸ ਅਤੇ ਸੀਵਰੇਜ ਬੋਰਡ, ਫਗਵਾੜਾ ਜੀ ਵਲੋ ਉਕਤ ਜਗ੍ਹਾ ਦਾ ਮੋਕਾ ਦੇਖਿਆ ਗਿਆ ਹੈ ਅਤੇ ਪੱਤਰ ਨੰਬਰ 389 | ------ | ਸੂਚਨਾ ਹਿੱਤ। |

ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426 Fax: 01824-223260
Website: www.mcphagwara.com Email: comm.mcpgr@punjab.gov.in

| | | | | |
|---|---|---|---|---|
| | | ਮਿਤੀ 16-05-2023 ਰਾਹੀ ਉਕਤ ਜਗ੍ਹਾ ਤੇ 8" ਸੀਵਰ ਲਾਈਨ ਪਾਉਣ ਲਈ ਫੀਲਡ ਡਾਟਾ ਭੇਜਿਆ ਗਿਆ ਹੈ। ਉਕਤ ਜਗ੍ਹਾ ਤੇ ਸੀਵਰ ਲਾਈਨ ਨਾ ਹੋਣ ਕਾਰਣ ਇਲਾਕਾ ਨਿਵਾਸੀਆ ਨੂੰ ਬਹੁੱਤ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਲਈ ਇਸ ਜਗ੍ਹਾ ਤੇ ਨਵੀ ਸੀਵਰ ਲਾਈਨ ਪਾਈ ਜਾਣੀ ਜਰੂਰੀ ਹੈ। ਜਿਸ ਨਾਲ ਉਕਤ ਮੁਹੱਲੇ ਵਿੱਚ ਆ ਰਹੀ ਸੀਵਰੇਜ ਦੀ ਸਮੱਸਿਆ ਦਾ ਹੱਲ ਹੋ ਜਾਵੇਗਾ। ਉਕਤ ਕੰਮ ਨੂੰ ਕਰਵਾਉਣ ਲਈ ਤਖਮੀਨਾ ਤਿਆਰ ਕਰ ਲਿਆ ਗਿਆ ਹੈ। ਤਖਮੀਨੇ ਮੁਤਾਬਕ ਉਕਤ ਕੰਮ ਨੂੰ ਕਰਵਾਉਣ ਵਿੱਚ ਲਗਭਗ 21.96 ਲੱਖ ਦਾ ਖਰਚ ਆਉਣ ਦੀ ਸੰਭਾਵਨਾ ਹੈ। ਉਕਤ ਕੰਮ ਨੂੰ ਕਰਵਾਉਣ ਲਈ ਹਾਊਸ ਦੀ ਪ੍ਰਵਾਨਗੀ ਲੋੜੀਂਦੀ ਹੈ। ਇੱਥੇ ਇਹ ਦੱਸਣਯੋਗ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋ ਜਾਰੀ ਨੋਟੀਫਿਕੇਸ਼ਨ ਨੰ: 5/71/2017/MEO/DA/334 ਮਿਤੀ 23/03/2020 ਰਾਹੀ ਹਾਉਸ ਦੀਆ ਸਾਰੀਆਂ ਸ਼ਕਤੀਆਂ ਕਮਿਸ਼ਨਰ ਨਗਰ ਨਿਗਮ ਜੀ ਨੂੰ ਦਿੱਤੀਆ ਗਈਆ ਹਨ। ਇਸ ਲਈ ਉਕਤ ਕੰਮ ਨੂੰ ਕਰਾਉਣ ਲਈ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਪੇਸ਼ ਹੈ ਜੀ। | | |

ਤਸਦੀਕੀ ਕਾਪੀ

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ